Vigilance Bureau, Punjab

# Vigilance nabs eleven officials in ten bribery cases during March

Chandigarh, April 20 : Punjab Vigilance Bureau, during its ongoing crusade against corruption, has been able to nab 11 officials red handed while accepting bribes in 10 different trap cases during the month of March, which includes three each police personnel and revenue employees besides five officials from other departments.

Disclosing this here on Tuesday, Chief Director-cum-DGP vigilance bureau Punjab B.K. Uppal said the VB has put up its best efforts to eradicate corruption amongst public servants and others in every sphere during the period. In this direction, the vigilance officers have ensured that suspect did not escape judicial punishment in the various courts in the State, he added.

He said the Bureau has submitted challans pertaining to 4 vigilance cases in various special courts in the last month. Apart from this, 15 vigilance enquires (VEs) have also been registered to thoroughly probe the corruption cases against public servants.

Giving more details, he informed that bureau has registered 2 vigilance cases on the basis of VEs and filed one disproportionate assets case for amassing wealth more than the known sources of income.

-----------

ਵਿਜੀਲੈਂਸ ਬਿਊਰੋ, ਪੰਜਾਬ

## ਵਿਜੀਲੈਂਸ ਬਿਊਰੋ ਨੇ ਮਾਰਚ ਮਹੀਨੇ ਦੌਰਾਨ ਰਿਸ਼ਵਖ਼ੋਰੀ ਦੇ ਮਾਮਲਿਆਂ ਵਿੱਚ ਸ਼ਾਮਲ 11 ਮੁਲਾਜਮਾਂ ਨੂੰ ਕੀਤਾ ਕਾਬੂ

ਚੰਡੀਗੜ੍ਹ, 20 ਅਪ੍ਰੈਲ:

ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਖਿਲਾਫ ਚਲਾਈ ਜਾ ਰਹੀ ਮੁਹਿੰਮ ਤਹਿਤ ਮਾਰਚ ਮਹੀਨੇ ਦੌਰਾਨ ਰਿਸ਼ਵਤਖ਼ੋਰੀ ਦੇ ਵੱਖ-ਵੱਖ 10 ਮਾਮਲਿਆਂ ਵਿੱਚ ਸ਼ਾਮਲ 11 ਸਰਕਾਰੀ ਮੁਲਾਜਮਾਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਹਨਾਂ ਵਿੱਚ ਤਿੰਨ ਪੁਲਿਸ ਮੁਲਾਜਮਾਂ ਤੇ 3 ਮਾਲ ਕਰਮਚਾਰੀਆਂ ਸਣੇ ਹੋਰ ਵੱਖ-ਵੱਖ ਵਿਭਾਗਾਂ ਦੇ ਪੰਜ ਕਰਮਚਾਰੀ ਸ਼ਾਮਲ ਹਨ।

ਇਹ ਪ੍ਰਗਟਾਵਾ ਕਰਦਿਆਂ ਮੁੱਖ ਡਾਇਰੈਕਟਰ-ਕਮ-ਡੀ.ਜੀ.ਪੀ. ਵਿਜੀਲੈਂਸ ਬਿਊਰੋ ਪੰਜਾਬ ਬੀ.ਕੇ. ਉੱਪਲ ਨੇ ਕਿਹਾ ਕਿ ਬਿਓਰੋ ਨੇ ਇਸ ਸਮੇਂ ਦੌਰਾਨ ਸਰਕਾਰੀ ਕਰਮਚਾਰੀਆਂ ਅਤੇ ਹੋਰਾਂ ਵਿੱਚੋਂ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਆਪਣੀਆਂ ਸਿਰਤੋੜ ਕੋਸ਼ਿਸ਼ਾਂ ਕੀਤੀਆਂ ਹਨ।

ਉਹਨਾਂ ਅੱਗੇ ਕਿਹਾ ਕਿ ਇਸ ਦਿਸ਼ਾ ਵਿੱਚ ਵਿਜੀਲੈਂਸ ਅਧਿਕਾਰੀਆਂ ਨੇ ਇਹ ਯਕੀਨੀ ਬਣਾਇਆ ਹੈ ਕਿ ਕੋਈ ਵੀ ਸ਼ੱਕੀ ਸੂਬੇ ਦੀਆਂ ਵੱਖ-ਵੱਖ ਅਦਾਲਤਾਂ ਵਿੱਚੋਂ ਨਿਆਂਇਕ ਸਜਾ ਤੋਂ ਨਾ ਬਚ ਸਕੇ।

ਉਨਾਂ ਦੱਸਿਆ ਕਿ ਬਿਊਰੋ ਨੇ ਪਿਛਲੇ ਮਹੀਨੇ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਵਿੱਚ 4 ਵਿਜੀਲੈਂਸ ਕੇਸਾਂ ਦੇ ਚਲਾਨ ਪੇਸ਼ ਕੀਤੇ ਹਨ। ਇਸ ਤੋਂ ਇਲਾਵਾ ਸਰਕਾਰੀ ਮੁਲਾਜ਼ਮਾਂ ਖਿਲਾਫ ਭ੍ਰਿਸ਼ਟਾਚਾਰ ਦੇ ਕੇਸਾਂ ਦੀ ਬਾਰੀਕੀ ਨਾਲ ਜਾਂਚ ਲਈ 15 ਵਿਜੀਲੈਂਸ ਇਨਕੁਆਰੀਆਂ ਵੀ ਦਰਜ ਕੀਤੀਆਂ ਗਈਆਂ ਹਨ।

ਉਨਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਿਊਰੋ ਨੇ ਵਿਜੀਲੈਂਸ ਇਨਕੁਆਰੀਆਂ ਦੇ ਅਧਾਰ ’ਤੇ 2 ਵਿਜੀਲੈਂਸ ਕੇਸ ਵੀ ਦਰਜ ਕੀਤੇ ਹਨ ਅਤੇ ਆਮਦਨੀ ਨਾਲੋਂ ਵੱਧ ਦੌਲਤ ਇਕੱਠੀ ਕਰਨ ਦੇ ਮਾਮਲੇ ਵਿਚ ਇਕ ਵੱਧ ਜਾਇਦਾਦ ਬਣਾਉਣ ਦਾ ਕੇਸ ਵੀ ਦਾਇਰ ਕੀਤਾ ਹੈ।

-----------